ਅਨ੍ਹੇਰੀਆਂ ਵਗੀਆਂ ਅਰ ਉਸ ਘਰ ਨੂੰ ਧੱਕਾ ਮਾਰਿਆ ਅਤੇ ਉਹ ਢਹਿ ਪਿਆ ਅਤੇ ਉਹ ਦਾ ਵੱਡਾ ਨਾਸ ਹੋਇਆ। ਅਤੇ ਐਉਂ ਹੋਇਆ ਕਿ ਜਾਂ ਯਿਸੂ ਏਹ ਗੱਲਾਂ ਕਰ ਹਟਿਆ ਤਾਂ ਭੀੜ ਉਹ ਦੇ ਉਪਦੇਸ਼ ਤੋਂ ਹੈਰਾਨ ਹੋਈ। ਕਿਉਂ ਜੋ ਉਹ ਉਨ੍ਹਾਂ ਦੇ ਗ੍ਰੰਥੀਆਂ ਵਾਂਙੁ ਨਹੀਂ ਪਰ ਇਖ਼ਤਿਆਰ ਵਾਲੇ ਵਾਂਙੁ ਉਨ੍ਹਾਂ ਨੂੰ ਉਪਦੇਸ਼ ਦਿੰਦਾ ਸੀ।

---

ਉੱਪਰ ਯਿਸੂ ਦੇ ਵਿਦਿਆਰਥੀ, ਮੱਤੀ ਦੁਆਰਾ ਲਿਖੀ ਕਿਤਾਬ (ਅਧਿਆਇ 5-7), ਜੋ ਕਿ ਉਸਦੇ ਚੰਗੇ ਸੰਦੇਸ਼ ਦੇ ਰਿਕਾਰਡ ਹੈ, ਦੇ ਪੰਜਾਬੀ ਅਨੁਵਾਦ ਤੋਂ ਲਿਆ ਗਿਆ ਹਵਾਲਾ ਹੈ।

ਇਸ ਬਾਰੇ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿ ਯਿਸੂ ਨੇ ਕੀ ਕੁਝ ਕਿਹਾ ਹੈ ਅਤੇ ਉਸਦੀ ਸਲਤਨਤ ਦਾ ਹਿੱਸਾ ਕਿਵੇਂ ਬਣਿਆ ਜਾ ਸਕਦਾ ਹੈ, ਉਸਦੇ ਚਾਰ ਮੁਢਲੇ ਚੇਲਿਆਂ, ਮੱਤੀ, ਮਰਕੁਸ, ਲੂਕਾ ਅਤੇ ਯੂਹੰਨਾ ਦੁਆਰਾ ਉਸ ਬਾਰੇ ਲਿਖੀਆਂ ਕਿਤਾਬਾਂ ਪੜ੍ਹੋ। ਇਹ ਕਿਤਾਬਾਂ ਈਸਾਈਆਂ ਦੇ ਬਾਈਬਲ ਵਿਚ ਸ਼ਾਮਲ ਹਨ। ਯਿਸੂ ਦੀਆਂ ਗੱਲਾਂ ਨੂੰ ਗੰਭੀਰਤਾ ਨਾਲ ਲੈਣ ਲਈ ਹੋਰ ਉਤਸ਼ਾਹ ਵਾਸਤੇ ਜਾਂ ਉਸਦੇ ਮੁਢਲੇ ਚੇਲਿਆਂ ਦੁਆਰਾ ਉਸ ਬਾਰੇ ਲਿਖੀਆਂ ਕਿਤਾਬਾਂ ਦਾ ਪੰਜਾਬੀ ਅਨੁਵਾਦ ਪੜ੍ਹਨ ਲਈ www.jesussaid.info 'ਤੇ ਜਾਓ।

ਇਹ ਕਿਤਾਬਚਾ ਜਨਤਕ ਖੇਤਰ ਵਿੱਚ ਹੈ।

pan (Punjabi) 2017-09-18



**ਇਹ ਯਿਸੂ, ਜਿਸ ਨੂੰ ਪਰਮੇਸ਼ਰ ਨੇ ਸਾਰੀ ਮਨੁੱਖਜਾਤੀ ਉੱਪਰ ਸਭ ਤੋਂ ਉੱਚੇ ਅਧਿਕਾਰੀ ਵਜੋਂ ਚੁਣਿਆ ਸੀ, ਦੀਆਂ ਸਿੱਖਿਆਵਾਂ ਵਿੱਚੋਂ ਕੁਝ ਹਨ। ਉਹ ਉਸ ਸਲਤਨਤ ਦਾ ਰਾਜਾ ਹੈ ਜੋ ਇਸ ਸੰਸਾਰ ਦੀ ਨਹੀਂ ਹੈ। ਸਿਰਫ ਉਹ ਹੀ ਹੈ ਜੋ ਸਾਨੂੰ ਗਲਤ ਕੰਮ ਕਰਨ ਤੋਂ ਬਚਾ ਸਕਦਾ ਹੈ। ਉਹ ਪਰਮੇਸ਼ਰ ਦਾ ਪੁੱਤਰ ਅਤੇ ਮਨੁੱਖ ਦਾ ਪੁੱਤਰ ਹੈ।**

ਭੀੜ ਨੂੰ ਵੇਖ ਕੇ ਉਹ ਪਹਾੜ ਉੱਤੇ ਚੜ੍ਹ ਗਿਆ ਅਰ ਜਦ ਬੈਠਾ ਤਦ ਉਹ ਦੇ ਚੇਲੇ ਉਹ ਦੇ ਕੋਲ ਆਏ। ਅਤੇ ਉਸ ਨੇ ਆਪਣਾ ਮੂੰਹ ਖੋਲ੍ਹਿਆ ਅਤੇ ਉਨ੍ਹਾਂ ਨੂੰ ਇਹ ਉਪਦੇਸ਼ ਦੇਣ ਲੱਗਾ— ਧੰਨ ਓਹ ਜਿਹੜੇ ਦਿਲ ਦੇ ਗ਼ਰੀਬ ਹਨ ਕਿਉਂ ਜੋ ਸੁਰਗ ਦਾ ਰਾਜ ਉਨ੍ਹਾਂ ਦਾ ਹੈ। ਧੰਨ ਓਹ ਜਿਹੜੇ ਸੋਗ ਕਰਦੇ ਹਨ ਕਿਉਂ ਜੋ ਓਹ ਸ਼ਾਂਤ ਕੀਤੇ ਜਾਣਗੇ। ਧੰਨ ਓਹ ਜਿਹੜੇ ਹਲੀਮ ਹਨ ਕਿਉਂ ਜੋ ਉਹ ਧਰਤੀ ਦੇ ਵਾਰਸ ਹੋਣਗੇ। ਧੰਨ ਓਹ ਜਿਹੜੇ ਧਰਮ ਦੇ ਭੁੱਖੇ ਤੇ ਤਿਹਾਏ ਹਨ ਕਿਉਂ ਜੋ ਓਹ ਰਜਾਏ ਜਾਣਗੇ। ਧੰਨ ਓਹ ਜਿਹੜੇ ਦਯਾਵਾਨ ਹਨ ਕਿਉਂ ਜੋ ਉਨ੍ਹਾਂ ਉੱਤੇ ਦਯਾ ਕੀਤੀ ਜਾਵੇਗੀ। ਧੰਨ ਓਹ ਜਿਹੜੇ ਸ਼ੁੱਧਮਨ ਹਨ ਕਿਉਂ ਜੋ ਉਹ ਪਰਮੇਸ਼ੁਰ ਨੂੰ ਵੇਖਣਗੇ। ਧੰਨ ਓਹ ਜਿਹੜੇ ਮੇਲ ਕਰਾਉਣ ਵਾਲੇ ਹਨ ਕਿਉਂ ਜੋ ਓਹ ਪਰਮੇਸ਼ੁਰ ਦੇ ਪੁੱਤ੍ਰ ਕਹਾਉਣਗੇ। ਧੰਨ ਓਹ ਜਿਹੜੇ ਧਰਮ ਦੇ ਕਾਰਨ ਸਤਾਏ ਗਏ ਹਨ ਕਿਉਂ ਜੋ ਸੁਰਗ ਦਾ ਰਾਜ ਉਨ੍ਹਾਂ ਦਾ ਹੈ। ਧੰਨ ਹੋ ਤੁਸੀਂ ਜਾਂ ਮਨੁੱਖ ਮੇਰੇ ਕਾਰਨ ਤੁਹਾਨੂੰ ਬੋਲੀਆਂ ਮਾਰਨਗੇ ਅਤੇ ਸਤਾਉਣਗੇ ਅਤੇ ਹਰੇਕ ਬੁਰੀ ਗੱਲ ਤੁਹਾਡੇ ਉੱਤੇ ਝੂਠ ਮੂਠ ਲਾਉਣਗੇ। ਅਨੰਦ ਹੋਵੋ ਅਤੇ ਖੁਸ਼ੀ ਕਰੋ ਕਿਉਂ ਜੋ ਤੁਹਾਡਾ ਫਲ ਸੁਰਗ ਵਿੱਚ ਬਹੁਤ ਹੈ ਇਸ ਲਈ ਜੋ ਉਨ੍ਹਾਂ ਨੇ ਤੁਹਾਥੋਂ ਅਗਲਿਆਂ ਨਬੀਆਂ ਨੂੰ ਇਸੇ ਤਰਾਂ ਸਤਾਇਆ ਸੀ। ਤੁਸੀਂ ਧਰਤੀ ਦੇ ਲੂਣ ਹੋ ਪਰ ਜੇ ਲੂਣ ਬੇਸੁਆਦ ਹੋ ਜਾਵੇ ਤਾਂ ਕਿਸ ਬਿਧ ਸਲੂਣਾ ਕੀਤਾ ਜਾਵੇਗਾ ? ਉਹ ਫੇਰ ਕਿਸੇ ਕੰਮ ਦਾ ਨਹੀਂ ਪਰ ਇਹ ਕਿ ਬਾਹਰ ਸੁੱਟਿਆ ਅਤੇ ਮਨੁੱਖਾਂ ਦੇ ਪੈਰਾਂ ਹੇਠ ਮਿੱਧਿਆ ਜਾਵੇ। ਤੁਸੀਂ ਜਗਤ ਦੇ ਚਾਨਣ ਹੋ। ਜਿਹੜਾ ਨਗਰ ਪਹਾੜ ਉੱਤੇ ਵੱਸਦਾ ਹੈ ਉਹ ਗੁੱਝਾ ਨਹੀਂ ਰਹਿ ਸੱਕਦਾ। ਅਤੇ ਦੀਵਾ ਬਾਲ ਕੇ ਟੋਪੇ ਦੇ ਹੇਠ ਨਹੀਂ ਸਗੋਂ ਦੀਵਟ ਉੱਤੇ ਰੱਖਦੇ ਹਨ ਤਾਂ ਉਹ ਸੱਭਨਾਂ ਨੂੰ ਜਿਹੜੇ ਘਰ ਵਿੱਚ ਹਨ ਚਾਨਣ ਦਿੰਦਾ ਹੈ। ਇਸੇ ਤਰਾਂ ਤੁਹਾਡਾ ਚਾਨਣ ਮਨੁੱਖਾਂ ਦੇ ਸਾਹਮਣੇ ਚਮਕੇ ਤਾਂ ਜੋ ਓਹ ਤੁਹਾਡੇ ਸ਼ੁਭ ਕਰਮ ਵੇਖ ਕੇ ਤੁਹਾਡੇ ਪਿਤਾ ਦੀ ਜਿਹੜਾ ਸੁਰਗ ਵਿੱਚ ਹੈ ਵਡਿਆਈ ਕਰਨ। ਇਹ ਨਾ ਸਮਝੋ



ਓਹ ਨਾ ਮਿਹਨਤ ਕਰਦੇ ਨਾ ਕੱਤਦੇ ਹਨ। ਪਰ ਮੈਂ ਤੁਹਾਨੂੰ ਕਹਿੰਦਾ ਹਾਂ ਭਈ ਸੁਲੇਮਾਨ ਵੀ ਆਪਣੀ ਸਾਰੀ ਭੜਕ ਵਿੱਚ ਇਨ੍ਹਾਂ ਵਿੱਚੋਂ ਇੱਕ ਜਿਹਾ ਪਹਿਨਿਆ ਹੋਇਆ ਨਾ ਸੀ। ਸੋ ਜਾਂ ਪਰਮੇਸ਼ੁਰ ਜੰਗਲੀ ਬੂਟੀ ਨੂੰ ਜਿਹੜੀ ਅੱਜ ਹੈ ਅਤੇ ਭਲਕੇ ਤੰਦੂਰ ਵਿੱਚ ਝੋਕੀ ਜਾਂਦੀ ਅਜਿਹਾ ਪਹਿਨਾਉਂਦਾ ਹੈ ਤਾਂ ਹੇ ਥੋੜੀ ਪਰਤੀਤ ਵਾਲਿਓ ਭਲਾ, ਉਹ ਤੁਹਾਨੂੰ ਉਸ ਤੋਂ ਵੱਧ ਨਾ ਪਹਿਨਾਵੇਗਾ? ਸੋ ਤੁਸੀਂ ਚਿੰਤਾ ਕਰ ਕੇ ਇਹ ਨਾ ਕਹੋ ਭਈ ਕੀ ਖਾਵਾਂਗੇ ? ਯਾ ਕੀ ਪੀਵਾਂਗੇ ? ਯਾ ਕੀ ਪਹਿਨਾਂਗੇ ? ਪਰਾਈਆਂ ਕੌਮਾਂ ਦੇ ਲੋਕ ਇਨ੍ਹਾਂ ਸਭਨਾਂ ਵਸਤਾਂ ਨੂੰ ਭਾਲਦੇ ਹਨ, ਕਿਉਂ ਜੋ ਤੁਹਾਡਾ ਸੁਰਗੀ ਪਿਤਾ ਜਾਣਦਾ ਹੈ ਜੋ ਤੁਹਾਨੂੰ ਇਨ੍ਹਾਂ ਸਭਨਾਂ ਵਸਤਾਂ ਦੀ ਲੋੜ ਹੈ। ਪਰ ਤੁਸੀਂ ਪਹਿਲਾਂ ਉਹ ਦੇ ਰਾਜ ਅਤੇ ਉਹ ਦੇ ਧਰਮ ਨੂੰ ਭਾਲੋ ਤਾਂ ਤੁਹਾਨੂੰ ਏਹ ਸਾਰੀਆਂ ਵਸਤਾਂ ਵੀ ਦਿੱਤੀਆਂ ਜਾਣਗੀਆਂ। ਸੋ ਤੁਸੀਂ ਭਲਕ ਦੇ ਲਈ ਚਿੰਤਾ ਨਾ ਕਰੋ ਕਿਉਂ ਜੋ ਭਲਕ ਆਪਣੇ ਲਈ ਆਪੇ ਚਿੰਤਾ ਕਰੇਗਾ। ਅੱਜ ਦੇ ਲਈ ਅੱਜ ਹੀ ਦਾ ਦੁਖ ਬਥੇਰਾ ਹੈ। ਦੋਸ਼ ਨਾ ਲਾਓ ਤਾਂ ਜੋ ਤੁਹਾਡੇ ਉੱਤੇ ਦੋਸ਼ ਲਾਇਆ ਨਾ ਜਾਏ। ਕਿਉਂਕਿ ਜਿਸ ਨਿਆਉਂ ਨਾਲ ਤੁਸੀਂ ਦੋਸ਼ ਲਾਉਂਦੇ ਹੋ ਉਸੇ ਨਾਲ ਤੁਹਾਡੇ ਉੱਤੇ ਵੀ ਦੋਸ਼ ਲਾਇਆ ਜਾਵੇਗਾ ਅਤੇ ਜਿਸ ਮੇਪ ਨਾਲ ਤੁਸੀਂ ਮਿਣਦੇ ਹੋ ਉਸੇ ਨਾਲ ਤੁਹਾਡੇ ਲਈ ਮਿਣਿਆ ਜਾਵੇਗਾ। ਅਤੇ ਤੂੰ ਉਸ ਕੱਖ ਨੂੰ ਜਿਹੜਾ ਤੇਰੇ ਭਾਈ ਦੀ ਅੱਖ ਵਿੱਚ ਹੈ ਕਿਉਂ ਵੇਖਦਾ ਹੈਂ ਪਰ ਉਸ ਸ਼ਤੀਰ ਦੀ ਵੱਲ ਜੋ ਤੇਰੀ ਆਪਣੀ ਅੱਖ ਵਿੱਚ ਹੈ ਧਿਆਨ ਨਹੀਂ ਕਰਦਾ ? ਅਥਵਾ ਕਿੱਕੁਰ ਤੂੰ ਆਪਣੇ ਭਾਈ ਨੂੰ ਆਖੇਂਗਾ, ਲਿਆ ਤੇਰੀ ਅੱਖ ਵਿੱਚੋਂ ਕੱਖ ਕੱਢ ਸੁੱਟਾਂ ਅਤੇ ਵੇਖ ਤੇਰੀ ਆਪਣੀ ਅੱਖ ਵਿੱਚ ਸ਼ਤੀਰ ਹੈ ! ਹੇ ਕਪਟੀ ਪਹਿਲਾਂ ਉਸ ਸ਼ਤੀਰ ਨੂੰ ਆਪਣੀ ਅੱਖੋਂ ਕੱਢ ਤਾਂ ਚੰਗੀ ਤਰਾਂ ਵੇਖ ਕੇ ਤੂੰ ਉਸ ਕੱਖ ਨੂੰ ਆਪਣੇ ਭਾਈ ਦੀ ਅੱਖੋਂ ਕੱਢ ਸੱਕੇਂਗਾ। ਪਵਿੱਤ੍ਰ ਵਸਤ ਕੁੱਤਿਆਂ ਨੂੰ ਨਾ ਪਾਓ ਅਤੇ ਆਪਣੇ ਮੋਤੀ ਸੂਰਾਂ ਅੱਗੇ ਨਾ ਸੁੱਟੋ ਕਿਤੇ ਐਉਂ ਨਾ ਹੋਵੇ ਜੋ ਓਹ ਉਨ੍ਹਾਂ ਨੂੰ ਆਪਣੇ ਪੈਰਾਂ ਹੇਠ ਮਿੱਧ ਦੇਣ ਅਤੇ ਮੁੜ ਕੇ ਤੁਹਾਨੂੰ ਪਾੜਨ। ਮੰਗੋ ਤਾਂ ਤੁਹਾਨੂੰ ਦਿੱਤਾ ਜਾਵੇਗਾ। ਢੂੰਢੋ ਤਾਂ ਤੁਹਾਨੂੰ ਲੱਭੇਗਾ। ਖੜਕਾਓ ਤਾਂ ਤੁਹਾਡੇ ਲਈ ਖੋਲ੍ਹਿਆ ਜਾਵੇਗਾ। ਕਿਉਂਕਿ ਹਰੇਕ ਮੰਗਣ ਵਾਲਾ ਪਾ ਲੈਂਦਾ ਹੈ ਅਤੇ ਢੂੰਢਣ ਵਾਲੇ ਨੂੰ ਲੱਭਦਾ ਹੈ ਅਤੇ ਖੜਕਾਉਣ ਵਾਲੇ ਲਈ ਖੋਲ੍ਹਿਆ ਜਾਵੇਗਾ। ਯਾ ਤੁਹਾਡੇ ਵਿੱਚੋਂ ਕਿਹੜਾ ਮਨੁੱਖ ਹੈ ਕਿ ਜੇ ਉਸ ਦਾ ਪੁੱਤ੍ਰ ਉਸ ਤੋਂ ਰੋਟੀ ਮੰਗੇ ਤਾਂ ਉਹ ਨੂੰ ਪੱਥਰ ਦੇਵੇ ? ਅਤੇ ਜੇ ਮੱਛੀ ਮੰਗੇ ਤਾਂ ਉਹ ਨੂੰ ਸੱਪ ਦੇਵੇ ? ਸੋ ਜੇ ਤੁਸੀਂ ਬੁਰੇ ਹੋ ਕੇ ਆਪਣਿਆਂ ਬਾਲਕਾਂ



ਅਤੇ ਜੇ ਤੇਰਾ ਸੱਜਾ ਹੱਥ ਤੈਨੂੰ ਠੋਕਰ ਖੁਆਵੇ ਤਾਂ ਉਹ ਨੂੰ ਵੱਢ ਕੇ ਆਪਣੇ ਕੋਲੋਂ ਸੁੱਟ ਦਿਹ ਕਿਉਂ ਜੋ ਤੇਰੇ ਲਈ ਇਹੋ ਭਲਾ ਹੈ ਕਿ ਤੇਰੇ ਅੰਗਾਂ ਵਿੱਚੋਂ ਇੱਕ ਦਾ ਨਾਸ ਹੋਵੇ ਪਰ ਤੇਰਾ ਸਾਰਾ ਸਰੀਰ ਨਰਕ ਵਿੱਚ ਨਾ ਜਾਵੇ। ਅਤੇ ਇਹ ਵੀ ਕਿਹਾ ਗਿਆ ਸੀ ਭਈ ਜਿਹੜਾ ਆਪਣੀ ਤੀਵੀਂ ਨੂੰ ਤਿਆਗੇ ਉਹ ਉਸ ਨੂੰ ਤਿਆਗ ਪੱਤਰੀ ਲਿਖ ਦੇਵੇ। ਪਰ ਮੈਂ ਤੁਹਾਨੂੰ ਆਖਦਾ ਹਾਂ ਭਈ ਜਿਹੜਾ ਆਪਣੀ ਤੀਵੀਂ ਨੂੰ ਹਰਾਮਕਾਰੀ ਤੋਂ ਛੁੱਟ ਕਿਸੇ ਹੋਰ ਸਬੱਬ ਨਾਲ ਤਿਆਗੇ ਉਹ ਉਸ ਕੋਲੋਂ ਜ਼ਨਾਹ ਕਰਾਉਂਦਾ ਹੈ ਅਤੇ ਜੋ ਕੋਈ ਉਸ ਤਿਆਗੀ ਹੋਈ ਨਾਲ ਵਿਆਹ ਕਰੇ ਸੋ ਜ਼ਨਾਹ ਕਰਦਾ ਹੈ। ਫੇਰ ਤੁਸਾਂ ਸੁਣਿਆ ਹੈ ਜੋ ਅਗਲਿਆਂ ਨੂੰ ਇਹ ਕਿਹਾ ਗਿਆ ਸੀ ਭਈ ਤੂੰ ਝੂਠੀ ਸੌਂਹ ਨਾ ਖਾਹ ਪਰ ਪ੍ਰਭੁ ਦੇ ਲਈ ਆਪਣੀਆਂ ਸੌਂਹਾਂ ਪੂਰੀਆਂ ਕਰ। ਪਰ ਮੈਂ ਤੁਹਾਨੂੰ ਆਖਦਾ ਹਾਂ ਭਈ ਕਦੇ ਵੀ ਸੌਂਹ ਨਾ ਖਾਣੀ, ਨਾ ਅਕਾਸ਼ ਦੀ ਇਸ ਲਈ ਜੋ ਉਹ ਪਰਮੇਸ਼ੁਰ ਦਾ ਸਿੰਘਾਸਣ ਹੈ। ਅਤੇ ਨਾ ਧਰਤੀ ਦੀ ਇਸ ਲਈ ਜੋ ਉਹ ਉਸ ਦੇ ਚਰਨਾਂ ਦੀ ਚੌਂਕੀ ਹੈ ਅਤੇ ਨਾ ਯਰੂਸ਼ਲਮ ਦੀ ਇਸ ਲਈ ਜੋ ਉਹ ਮਹਾਰਾਜ ਦਾ ਸ਼ਹਿਰ ਹੈ। ਅਤੇ ਨਾ ਆਪਣੇ ਸਿਰ ਦੀ ਸੌਂਹ ਖਾਹ ਕਿਉਂ ਜੋ ਤੂੰ ਇੱਕ ਵਾਲ ਨੂੰ ਧੌਲਾ ਯਾ ਕਾਲਾ ਨਹੀਂ ਕਰ ਸੱਕਦਾ। ਪਰ ਤੁਹਾਡੇ ਬੋਲਣ ਵਿੱਚ ਹਾਂ ਦੀ ਹਾਂ ਅਤੇ ਨਾ ਦੀ ਨਾ ਹੋਵੇ ਅਰ ਜੋ ਇਨ੍ਹਾਂ ਤੋਂ ਵੱਧ ਹੈ ਸੋ ਬਦੀ ਤੋਂ ਹੁੰਦਾ ਹੈ। ਤੁਸਾਂ ਸੁਣਿਆ ਹੈ ਜੋ ਕਿਹਾ ਗਿਆ ਸੀ ਕਿ ਅੱਖ ਦੇ ਬਦਲੇ ਅੱਖ ਅਤੇ ਦੰਦ ਦੇ ਬਦਲੇ ਦੰਦ। ਪਰ ਮੈਂ ਤੁਹਾਨੂੰ ਆਖਦਾ ਹਾਂ ਜੋ ਦੁਸ਼ਟ ਦਾ ਸਾਹਮਣਾ ਨਾ ਕਰਨਾ ਸਗੋਂ ਜੋ ਕੋਈ ਤੇਰੀ ਸੱਜੀ ਗੱਲ੍ਹ ਉੱਤੇ ਚਪੇੜ ਮਾਰੇ ਤਾਂ ਦੂਈ ਵੀ ਉਹ ਦੀ ਵੱਲ ਭੁਆ ਦਿਹ। ਅਤੇ ਜਿਹੜਾ ਤੇਰੇ ਉੱਤੇ ਨਾਲਸ਼ ਕਰ ਕੇ ਤੇਰਾ ਕੁੜਤਾ ਲੈਣਾ ਚਾਹੇ ਤਾਂ ਉਹ ਨੂੰ ਚਾਦਰ ਵੀ ਲੈਣ ਦਿਹ। ਅਤੇ ਜੇ ਕੋਈ ਤੈਨੂੰ ਇੱਕ ਕੋਹ ਵਿਗਾਰੇ ਲੈ ਜਾਵੇ ਤਾਂ ਉਹ ਦੇ ਨਾਲ ਦੋ ਕੋਹ ਚੱਲਿਆ ਜਾਹ। ਜਿਹੜਾ ਤੈਥੋਂ ਮੰਗੇ ਉਹ ਨੂੰ ਦਿਹ ਅਤੇ ਜੋ ਤੇਰੇ ਕੋਲੋਂ ਉਧਾਰ ਮੰਗੇ ਉਸ ਤੋਂ ਮੂੰਹ ਨਾ ਮੋੜ। ਤੁਸਾਂ ਸੁਣਿਆ ਹੈ ਜੋ ਇਹ ਕਿਹਾ ਗਿਆ ਸੀ ਕਿ ਤੂੰ ਆਪਣੇ ਗੁਆਂਢੀ ਨਾਲ ਪਿਆਰ ਕਰ ਅਤੇ ਆਪਣੇ ਵੈਰੀ ਨਾਲ ਵੈਰ ਰੱਖ। ਪਰ ਮੈਂ ਤੁਹਾਨੂੰ ਆਖਦਾ ਹਾਂ ਭਈ ਆਪਣੇ ਵੈਰੀਆਂ ਨਾਲ ਪਿਆਰ ਕਰੋ ਅਤੇ ਜੋ ਤੁਹਾਨੂੰ ਸਤਾਉਣ ਉਨ੍ਹਾਂ ਲਈ ਪ੍ਰਾਰਥਨਾ ਕਰੋ। ਤਾਂ ਜੋ ਤੁਸੀਂ ਆਪਣੇ ਪਿਤਾ ਦੇ ਜਿਹੜਾ ਸੁਰਗ ਵਿੱਚ ਹੈ ਪੁੱਤ੍ਰ ਹੋਵੋ ਕਿਉਂ ਜੋ ਉਹ ਆਪਣਾ ਸੂਰਜ ਬੁਰਿਆਂ ਅਤੇ ਭਲਿਆਂ ਉੱਤੇ ਚਾੜ੍ਹਦਾ ਹੈ ਅਤੇ ਧਰਮੀਆਂ ਅਤੇ ਕੁਧਰਮੀਆਂ ਉੱਤੇ ਮੀਂਹ ਵਰਸਾਉਂਦਾ ਹੈ। ਜੇ ਤੁਸੀਂ ਉਨ੍ਹਾਂ ਨਾਲ ਹੀ ਪਿਆਰ ਕਰੋ